I/49948/2020

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

400 ਸਾਲਾ ਵਿੱਦਿਅਕ ਮੁਕਾਬਲਿਆਂ ਦੇ ਸ਼ਬਦ ਗਾਇਨ ਮੁਕਾਬਲੇ ਵਿੱਚ ਭਾਗ ਲੈਣ ਵਿੱਚ ਪ੍ਰਾਇਮਰੀ ਗਰੁੱਪ ਵਿੱਚੋਂ ਬਲਾਕ ਖੂਈਆ ਸਰਵਰ ਪੂਰੇ ਰਾਜ ਭਰ ਵਿੱਚ ਰਿਹਾ ਪਹਿਲੇ ਸਥਾਨ ਤੇ

ਵਿਦਿਆਰਥੀਆਂ ਦੀ ਪੜ੍ਹਾਈ ਅਤੇ ਸਹਿ ਵਿਦਿਅਕ ਕਿਰਿਆਵਾਂ ਲਈ ਕੀਤੇ ਜਾ ਰਹੇ ਹਨ ਹਰ ਸੰਭਵ ਯਤਨ: ਡਾ. ਬੱਲ

ਫਾਜ਼ਿਲਕਾ 15 ਜੁਲਾਈ

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਆਗਮਨ ਪੁਰਬ ਨੂੰ ਸਮਰਪਿਤ ਸਿੱਖਿਆ ਵਿਭਾਗ ਵੱਲੋਂ ਕਰਵਾਏ ਜਾ ਰਹੇ ਵੱਖ-ਵੱਖ ਮੁਕਾਬਲਿਆਂ ਦੀ ਲੜੀ ਤਹਿਤ ਪਹਿਲੇ ਸ਼ਬਦ ਗਾਇਨ ਮੁਕਾਬਲੇ ਵਿੱਚ ਸਭ ਤੋਂ ਵੱਧ ਵਿਦਿਆਰਥੀਆਂ ਨੇ ਸਮੂਲੀਅਤ ਕੀਤੀ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਸੁਖਵੀਰ ਸਿੰਘ ਬੱਲ ਨੈਸ਼ਨਲ ਅਵਾਰਡੀ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ) ਫਾਜ਼ਿਲਕਾ ਨੇ ਦੱਸਿਆ ਕਿ ਸ਼ਬਦ ਗਾਇਨ ਮੁਕਾਬਲੇ ਵਿੱਚ ਪ੍ਰਾਇਮਰੀ ਵਿੰਗ ਵਿੱਚੋਂ ਖੂਈਆ ਸਰਵਰ ਬਲਾਕ ਦੇ 194 ਭਾਗੀਦਾਰ ਨੇ ਪ੍ਰਤੀਯੋਗਤਾ ਵਿੱਚ ਭਾਗ ਲੈ ਕੇ ਰਾਜ ਭਰ ਵਿੱਚ ਸਮੂਲੀਅਤ ਲਈ ਪਹਿਲਾ ਸਥਾਨ ਹਾਸਿਲ ਕੀਤਾ ਹੈ ਜੋ ਕਿ ਸਾਡੇ ਸਾਰਿਆ ਦੇ ਕੀਤੇ ਜਾ ਰਹੇ ਅਣਥਕ ਯਤਨਾ ਦੀ ਹਾਮੀ ਭਰਦਾ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਡਾ. ਬੱਲ ਨੇ ਦੱਸਿਆ ਕਿ ਸਿੱਖਿਆ ਵਿਭਾਗ ਕੋਵਿਡ-19 ਦੌਰਾਨ ਵੀ ਵਿਦਿਆਰਥੀਆਂ ਨੂੰ ਨਿਰੰਤਰ ਪੜ੍ਹਾਈ ਅਤੇ ਹੋਰ ਲੋੜੀਂਦੀਆਂ ਕਿਰਿਆਵਾਂ ਨਾਲ ਜੋੜੀ ਰੱਖਣ ਲਈ ਵੱਖ-ਵੱਖ ਸਾਧਨਾਂ ਦੀ ਭਰਪੂਰ ਵਰਤੋਂ ਕਰ ਰਿਹਾ ਹੈ, ਫੇਰ ਭਾਵੇ ਟੀ.ਵੀ ਦੇ ਵੱਖ-ਵੱਖ ਚੈਨਲਾਂ ਰਾਹੀਂ ਪੜ੍ਹਾਈ ਕਰਵਾਉਣ, ਵਟਸਅਪ, ਫੇਸਬੁੱਕ ਅਤੇ ਹੋਰ ਐਪਸ ਰਾਹੀਂ ਆਨਲਾਈਨ ਮੁਕਾਬਲੇ, ਹਰ ਇਕ ਵਿਦਿਆਰਥੀ ਅਤੇ ਅਧਿਆਪਕਾ ਨਾਲ ਰਾਬਤਾ ਕਾਇਮ ਕਰਨਾ,ਪ੍ਰੀਖਿਆ ਸਮਗਰੀ  ਨੋਟਿਸ, ਹੋਰ ਜਾਣਕਾਰੀਆਂ ਦੇ ਨਾਲ ਆਮ ਗਿਆਨ ਅਤੇ  ਫਿੱਟ ਇੰਡੀਆ ਮੁਹਿੰਮ ਤਹਿਤ ਮਿਸ਼ਨ ਫਹਿਤ ਲਈ ਪ੍ਰੇਰਿਤ ਕਰਨਾ ਕਿਉਂ ਨਾ ਹੋਵੇ, ਇੰਨ੍ਹਾਂ ਸਭ ਲਈ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਸੀ.ਐਚ.ਟੀ, ਐਚ.ਟੀ, ਈ.ਟੀ.ਟੀ ਅਧਿਆਪਕ, ਈ ਜੀ ਐਮ, ਏ ਈ ਆਈ, ਐਸ ਟੀ ਆਰ, ਟੀਮ ਪੜ੍ਹੋ ਪੰਜਾਬ ਪੜ੍ਹਾਓ ਪੰਜਾਬ ਸਭ ਮਿਲ ਕੇ ਇਮ ਟੀਮ ਵਜੋਂ ਕੰਮ ਕਰ ਰਹੇ ਹਨ।ਮਿਸ਼ਨ ਕਰੋਨਾ ਨਾਲ ਕਰਨੀ ਹੈ ਲੜਾਈ-ਘਰ ਤੋਂ ਕਰਨੀ ਹੈ ਪੜ੍ਹਾਈ ਤਹਿਤ ਵੀ ਇਹ ਸਮੁੱਚੀ ਟੀਮ ਵਿਦਿਆਰਥੀਆਂ ਨਾਲ ਉਨ੍ਹਾਂ ਦੇ ਘਰ ਤੱਕ ਪਹੁੰਚ ਕਰਕੇ ਹਰ ਇਕ ਜਾਣਕਾਰੀ ਸਿੱਖਿਆ ਸਮੱਗਰੀ ਪੁੱਜਦੀ ਕਰਨ ਦੇ ਉਪਰਾਲੇ ਕਰ ਰਹੀ ਹੈ, ਜਿਸ ਦਾ ਨਤੀਜਾ ਹੈ ਇਸ ਕੰਮ ਲਈ ਸਿੱਖਿਆ ਬਲਾਕ ਅਬੋਹਰ-1 ਦੀ ਟੀਮ ਨੇ ਜ਼ਿਲ੍ਹੇ ਭਰ ਵਿੱਚੋਂ ਐਲਓ ਸੀਰਜ ਦੇ ਟੈਸਟ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ ਹੈ।ਇਸ ਮਹਾਂਮਾਰੀ ਦੇ ਚੱਲਦਿਆਂ ਸਿੱਖਿਆ ਵਿਭਾਗ ਦੇ ਉਲੀਕੇ ਬੇਹਤਰ ਪ੍ਰੋਗਰਾਮ ਅਤੇ ਅਧਿਆਪਕਾ ਦੀ ਕੋਸ਼ਿਸ ਸਦਕਾ ਵਿਦਿਆਰਥੀ ਆਪਣੀ ਪੜ੍ਹਾਈ ਜਾਰੀ ਰੱਖੇ ਹੋਏ ਹਨ ਅਤੇ ਹਰ ਪ੍ਰੋਗਰਾਮ ਵਿੱਚ ਭਾਗ ਲੈ ਰਹੇ ਹਨ, ਜੋ ਕਿ ਕਾਬਲੇ ਤਾਰੀਫ ਹੈ।

I/50060/2020

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਸਰਕਾਰੀ ਸਕੂਲ ਵਿੱਚ ਵਿਦਿਆਰਥੀਆਂ ਦੇ ਦਾਖਲਿਆਂ ਨੂੰ ਲੈ ਕੇ ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਨੇ ਕੀਤੀ ਸਕੂਲ ਮੁਖੀਆ ਅਤੇ ਅਧਿਆਪਕਾਂ ਨਾਲ ਵੈਬ-ਮੀਟਿੰਗ

ਫਾਜ਼ਿਲਕਾ 15 ਜੁਲਾਈ

ਕੋਵਿਡ-19 ਦੇ ਚਲਦਿਆਂ ਸਿੱਖਿਆ ਵਿਭਾਗ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਪੜ੍ਹਾਈ ਨਾਲ ਜੋੜੀ ਰੱਖਣ ਅਤੇ ਹਰ ਤਰ੍ਹਾਂ ਦੀਆਂ ਕਰਵਾਈਆ ਜਾ ਰਹੀਆਂ ਆਨ ਲਾਈਨ ਐਕਟਵਿਟੀ ਨੂੰ ਸਾਰੇ ਵਿਦਿਆਰਥੀ ਤੱਕ ਪੁਜਦਾ ਕਰਨ ਲਈ ਜਿਥੇ ਇਲੈਕਟ੍ਰੋਨਿਕ ਮੀਡੀਆ ਅਤੇ ਨਿੱਜੀ ਪਹੁੰਚ ਰਾਹੀਂ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ, ਉਥੇ ਹੀ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆ ਦੇ ਦਾਖਲੇ ਨੂੰ ਵੈ ਕੇ ਵੀ ਸਿੱਖਿਆ ਵਿਭਾਗ ਦਾ ਹਰ ਕਰਮਚਾਰੀ ਅਤੇ ਅਧਿਕਾਰੀ ਆਪਣੇ ਹਰ ਵਸੀਲੇ ਦੀ ਵਰਤੋਂ ਕਰ ਅਣਥਕ ਯਤਨ ਕਰ ਰਹੇ ਹਨ। ਇਸ ਲੜੀ ਤਹਿਤ ਅੱਜ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਫਾਜ਼ਿਲਕਾ ਡਾ. ਤ੍ਰਿਲੋਚਨ ਸਿੰਘ ਸਿੱਧੂ ਵੱਲੋਂ ਅਬੋਹਰ-1 ਬਲਾਕ ਦੇ  ਸਾਰੇ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਅਤੇ ਲੈਕਚਰਰਜ ਨਾਲ ਵੈਬ ਮੀਟਿੰਗ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਸਿੱਧੂ ਨੇ ਦੱਸਿਆ ਕਿ ਇਸ ਮੀਟਿੰਗ ਦਾ ਮਕਸਦ ਵਿਦਿਆਰਥੀਆਂ ਨੂੰ ਪੜ੍ਹਾਈ ਨਾਲ ਜੋੜੀ ਰੱਖਣ, ਉਨ੍ਹਾਂ ਤੱਕ ਹਰ ਤਰ੍ਹਾਂ ਦੀ ਵਿਦਿਅਕ ਸਮੱਗਰੀ ਪੁਜਦੀ ਕਰਨ ਅਤੇ ਵੱਧ ਤੋਂ ਵੱਧ ਨਵੇਂ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਿਲਾ ਲੈਣ ਲਈ ਪ੍ਰੇਰਿਤ ਕਰਨ ਲਈ ਕੀਤੇ ਜਾ ਸਕਣ ਵਾਲੇ ਸੰਭਵ ਯਤਨਾ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੇ ਨਾਲ ਹੀ ਵਿਭਾਗ ਵੱਲੋਂ ਕੀਤੀ ਜਾ ਰਹੀ ਹਰ ਕੋਸ਼ਿਸ਼ ਬਾਰੇ ਵੀ ਵਿਸਤਾਰ ਨਾਲ ਸਭ ਨੂੰ ਫਿਰ ਤੋਂ ਜਾਣੂ ਕਰਵਾਇਆ ਗਿਆ ਤਾਂ ਕਿ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪਿਆ ਨੂੰ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਸਹੂਲਤਾਂ ਵਧੀਆਂ ਇਮਾਰਤਾਂ ਅਤੇ ਇਨਫਰਾਸਟਰਕਚਰ ਦੇ ਨਾਲ-ਨਾਲ ਤਜਰਬੇਕਾਰ ਸਟਾਫ ਵੱਲੋਂ ਕਰਵਾਈ ਜਾ ਰਹੀ ਪੜ੍ਹਾਈ ਬਾਰੇ ਸਭ ਨੂੰ ਜਾਣੂ ਕਰਵਾਇਆ ਜਾ ਸਕੇ, ਜਿਸ ਨਾਲ ਵੱਧ ਤੋਂ ਵੱਧ ਵਿਦਿਆਰਥੀ ਇਨ੍ਹਾਂ ਸਭ ਸਹੂਲਤਾਂ ਦਾ ਫਾਇਦਾ ਲੈਂਦੇ ਹੋਏ ਆਪਣੇ ਭਵਿੱਖ ਨੂੰ ਉਜਵਲ ਕਰ ਸਕਣ।ਅੰਤ ਵਿੱਚ ਸਾਰੇ ਸਕੂਲ ਮੁਖੀਆ ਅਤੇ ਲੈਕਚਰਰਜ ਨੇ ਜਿਥੇ ਸਿੱਖਿਆ ਵਿਭਾਗ ਵੱਲੋਂ ਕੀਤੇ ਜਾ ਰਹੇ ਪ੍ਰਯਤਨ ਦੀ ਸ਼ਲਾਘਾ ਕੀਤੀ ਉਥੇ ਹੀ ਤਨਦੇਹੀ ਨਾਲ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਅਤੇ ਉਨ੍ਹਾਂ ਨੂੰ ਸਕੂਲ ਨਾਲ ਜ਼ੋੜੀ ਰੱਖਣ ਦਾ ਵਾਅਦਾ ਵੀ ਕੀਤਾ।

1/ 50176/2020

ਸੂਚਨਾ ਤੇ ਜ਼ਿਲਾ ਲੋਕ ਸੰਪਰਕ ਦਫਤਰ, ਫਾਜ਼ਿਲਕਾ

ਫੇਸਬੁੱਕ ਰਾਹੀਂ ਜ਼ਿਲਾ ਵਾਸੀਆਂ ਦੇ ਰੁਬਰੂ ਹੋਏ ਡਿਪਟੀ ਕਮਿਸ਼ਨਰ

ਜ਼ਿਲੇ ਵਿਚ ਕੋਵਿਡ ਦੀ ਤਾਜਾ ਸਥਿਤੀ ਅਤੇ ਬਿਮਾਰੀ ਦੀ ਰੋਕਥਾਮ ਲਈ ਸਰਕਾਰ ਦੇ ਉਪਰਾਲਿਆਂ ਬਾਰੇ ਦਿੱਤੀ ਜਾਣਕਾਰੀ

ਜ਼ਿਲੇ ਅੰਦਰ 3 ਕਰੋਨਾ ਕੇਸਾਂ ਦੀ ਹੋਈ ਪੁਸ਼ਟੀ, 11 ਹੋਏ ਐਕਟਿਵ ਕੇਸ-ਡਿਪਟੀ ਕਮਿਸ਼ਨਰ

*4 ਜਣਿਆਂ ਨੇ ਕਰੋਨਾ ਨੂੰ ਹਰਾ ਕੇ ਕੀਤੀ ਘਰ ਵਾਪਸੀ

ਫਾਜ਼ਿਲਕਾ, 15 ਜੁਲਾਈ

ਫ਼ਾਜ਼ਿਲਕਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਆਈ.ਏ.ਐਸ. ਨੇ ਫੇਸਬੁੱਕ ਰਾਹੀਂ ਜ਼ਿਲੇ ਦੇ ਲੋਕਾਂ ਦੇ ਰੁਬਰੂ ਹੁੰਦਿਆਂ ਉਨਾਂ ਨੂੰ ਜ਼ਿਲੇ ਵਿਚ ਕੋਵਿਡ 19 ਬਿਮਾਰੀ ਦੀ ਤਾਜਾ ਸਥਿਤੀ ਅਤੇ ਇਸ ਬਿਮਾਰੀ ਦੀ ਰੋਕਥਾਮ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ। ਉਨਾਂ ਜ਼ਿਲਾ ਪ੍ਰਸ਼ਾਸਨ ਫਾਜ਼ਿਲਕਾ ਅਤੇ ਜ਼ਿਲਾ ਲੋਕ ਸੰਪਰਕ ਵਿਭਾਗ ਦੇ ਫੇਸਬੁੱਕ ਪੇਜ ਰਾਹੀਂ ਜ਼ਿਲਾ ਵਾਸੀਆਂ ਨਾਲ ਸੰਵਾਦ ਰਚਾਇਆ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲੇ ਅੰਦਰ ਅੱਜ 3 ਨਵੇਂ ਹੋਰ ਪਾਜੀਟਿਵ ਕੇਸਾਂ ਦੀ ਪੁਸ਼ਟੀ ਹੋਈ ਹੈ। ਇਸ ਨਾਲ ਜ਼ਿਲੇ ਅੰਦਰ ਹੁਣ ਐਕਟਿਵ ਕੇਸਾਂ ਦੀ ਗਿਣਤੀ 11 ਹੋ ਗਈ ਹੈ। ਉਨਾਂ ਨੇ ਦੱਸਿਆ ਕਿ ਤਿੰਨੋ ਜਣੇ ਪੁਰਸ਼ ਹਨ ਤੇ ਉਨਾਂ ਵਿਚੋਂ ਇਕ ਦੀ ਉਮਰ 40 ਸਾਲ ਅਤੇ ਬਾਕੀ ਦੋਨਾਂ ਦੀ ਉਮਰ 26-26 ਸਾਲ ਦੀ ਹੈ ਜਿਨਾਂ ਵਿਚੋਂ ਇਕ ਦੀ ਟਰੈਵਲ ਹਿਸਟਰੀ ਪਟਿਆਲਾ ਦੀ ਹੈ।

ਉਨਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ 4 ਜਣਿਆਂ ਨੇ ਕਰੋਨਾਂ ਨੂੰ ਹਰਾ ਕੇ ਘਰ ਵਾਪਸੀ ਵੀ ਕੀਤੀ ਹੈ। ਉਨਾਂ ਵਿੱਚੋਂ ਇਕ ਔਰਤ ਜਿਸ ਦੀ ਉਮਰ 54 ਸਾਲਾ ਹੈ ਅਤੇ ਬਾਕੀ ਬੀ.ਐਸ.ਐਫ. ਜਵਾਨ ਜਿਨਾਂ ਦੀ ਕ੍ਰਮਵਾਰ ਉਮਰ 39 ਸਾਲ, 32 ਸਾਲ ਅਤੇ 28 ਸਾਲ ਹੈ ਨੇ ਕਰੋਨਾ ਨੂੰ ਮਾਤ ਦਿੱਤੀ ਹੈ। ਉਨਾਂ ਦੱਸਿਆ ਕਿ 4 ਜਣਿਆਂ ਦੇ ਘਰ ਜਾਣ ਨਾਲ ਹੁਣ ਤੱਕ ਜ਼ਿਲੇ ਅੰਦਰ 104 ਵਿਅਕਤੀ ਕਰੋਨਾ ’ਤੇ ਫਤਿਹ ਪਾ ਚੁੱਕੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਘਰ ਜਾਣ ਵਾਲੇ ਵਿਅਕਤੀਆਂ ਅਤੇ ਹੋਰਨਾਂ ਲੋਕਾਂ ਨੂੰ ਕੋਵਿਡ ਤੋਂ ਬਚਣ ਦੀਆਂ ਸਾਵਧਾਨੀਆਂ ਰੱਖਣ ਬਾਰੇ ਅਪੀਲ ਕੀਤੀ ਗਈ ਹੈ ਤਾਂ ਜੋ ਕੋਰੋਨਾ ਦੇ ਵੱਧ ਰਹੇ ਪ੍ਰਸਾਰ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਨਾਂ ਕਿਹਾ ਕਿ ਬਾਹਰ ਜਾਣ ਸਮੇਂ ਮਾਸਕ ਲਾਜ਼ਮੀ ਪਾਇਆ ਜਾਵੇ, ਹੱਥਾਂ ਨੂੰ ਵਾਰ-ਵਾਰ ਧੋਤਾ ਜਾਵੇ ਅਤੇ ਇਕੱਠ ਵਾਲੀ ਜਗਾਂ ’ਤੇ ਸਮਾਜਿਕ ਦੂਰੀ ਕਾਇਮ ਰੱਖਣ ਦੀ ਪਾਲਣਾ ਕੀਤੀ ਜਾਵੇ। ਉਨਾਂ ਨੇ ਦੱਸਿਆ ਕਿ ਜ਼ਿਲੇ ਵਿਚ ਜਿੱਥੇ ਲੋਕਾਂ ਨੂੰ ਇਸ ਬਿਮਾਰੀ ਤੋਂ ਬਚਾਓ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਉਥੇ ਹੀ ਇਲਾਜ ਸਹੂਲਤਾਂ ਵਿਚ ਵੀ ਵਾਧਾ ਕੀਤਾ ਜਾ ਰਿਹਾ ਹੈ।

ਇਸ ਮੌਕੇ ਜ਼ਿਲਾਂ ਵਾਸੀਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਕਿਹਾ ਜੇਕਰ ਕਿਸੇ ਨੂੰ ਕਰੋਨਾ ਦੇ ਲੱਛਣ ਵਿਖਾਈ ਦੇਣ ਤਾਂ ਬਿਨਾਂ ਕਿਸੇ ਘਬਰਾਹਟ ਦੇ ਤੁਰੰਤ ਸਰਕਾਰੀ ਹਸਪਤਾਲ ਨਾਲ ਰਾਬਤਾ ਕੀਤਾ ਜਾਵੇ ਜਾਂ ਸਿਹਤ ਵਿਭਾਗ ਦੀ ਹੈਲਪਲਾਈਨ ਨੰਬਰ 104 ਤੇ ਸੰਪਰਕ ਕੀਤਾ ਜਾਵੇ।